SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 41 | Tuesday, February 28, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਬਰੈਂਪਟਨ ਦੇ ਸਕੂਲ ਨੇੜੇ ਟੀਨੇਜਰ ਲੜਕੇ ਨੂੰ ਮਾਰਿਆ ਗਿਆ ਚਾਕੂ, ਹਾਲਤ ਗੰਭੀਰ

ਬਰੈਂਪਟਨ, 27 ਫਰਵਰੀ (ਪੋਸਟ ਬਿਊਰੋ) : ਬਰੈਂਪਟਨ ਵਿੱਚ ਇੱਕ ਸਕੂਲ ਨੇੜੇ ਛੁਰੇਬਾਜ਼ੀ ਦੀ ਵਾਪਰੀ ਘਟਨਾ ਵਿੱਚ ਇੱਕ 17 ਸਾਲਾ ਲੜਕਾ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।



ਸੋਮਵਾਰ ਨੂੰ ਲੜਾਈ ਹੋਣ ਦੀਆਂ ਖਬਰਾਂ ਮਿਲਣ ਤੋਂ ਬਾਅਦ 11:30 ਵਜੇ ਦੇ ਨੇੜੇ ਤੇੜੇ ਪੁਲਿਸ ਸੈਂਡਲਵੁੱਡ ਪਾਰਕਵੇਅ ਤੇ ਟੌਰਬ੍ਰੈਮ ਰੋਡ ਇਲਾਕੇ ਵਿੱਚ ਪਹੁੰਚੀ। ਪੈਰਾਮੈਡਿਕਸ ਨੇ ਆਖਿਆ ਕਿ ਜਿਸ ਲੜਕੇ ਨੂੰ ਚਾਕੂ ਮਾਰਿਆ ਗਿਆ ਉਸ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਬਾਅਦ ਵਿੱਚ ਪੁਲਿਸ ਨੇ ਦੱਸਿਆ ਕਿ ਉਸ ਦੇ ਜ਼ਖ਼ਮ ਜਾਨਲੇਵਾ ਨਹੀਂ ਸਨ।

ਇਹ ਘਟਨਾ ਸੈਂਡਲਵੁੱਡ ਹਾਈਟਸ ਸੈਕੰਡਰੀ ਸਕੂਲ ਦੇ ਨਾਲ ਲੱਗਦੇ ਪਾਰਕਿੰਗ ਲੌਟ ਵਿੱਚ ਵਾਪਰੀ। ਪੁਲਿਸ ਨੇ ਇਹ ਵੀ ਦੱਸਿਆ ਕਿ ਘਟਨਾ ਵਾਲੀ ਥਾਂ ਤੋਂ ਕਈ ਗੱਡੀਆਂ ਨੂੰ ਤੇਜ਼ੀ ਨਾਲ ਫਰਾਰ ਹੁੰਦਿਆਂ ਵੇਖਿਆ ਗਿਆ। ਅਜੇ ਇਹ ਸਪਸ਼ਟ ਨਹੀਂ ਹੋ ਸਕਿਆ ਹੈ ਕਿ ਜਿਸ ਲੜਕੇ ਨੂੰ ਚਾਕੂ ਮਾਰਿਆ ਗਿਆ ਹੈ ਉਹ ਸਕੂਲ ਦਾ ਵਿਦਿਆਰਥੀ ਸੀ ਜਾਂ ਨਹੀਂ। ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਚੀਨ ਨਾਲ ਸਬੰਧਾਂ ਕਾਰਨ ਡੌਂਗ ਦੀ ਉਮੀਦਵਾਰੀ ਰੱਦ ਕਰਨ ਦੀ ਮਿਲੀ ਸਲਾਹ ਸਬੰਧੀ ਰਿਪੋਰਟਾਂ ਦਾ ਟਰੂਡੋ ਨੇ ਕੀਤਾ ਖੰਡਨ

ਓਟਵਾ, 27 ਫਰਵਰੀ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਉਨ੍ਹਾਂ ਮੀਡੀਆ ਰਿਪੋਰਟਾਂ ਦਾ ਖੰਡਨ ਕੀਤਾ ਜਿਨ੍ਹਾਂ ਵਿੱਚ ਇਹ ਆਖਿਆ ਗਿਆ ਸੀ ਕਿ ਕੈਨੇਡਾ ਦੀ ਖੁਫੀਆ ਏਜੰਸੀ ਵੱਲੋਂ ਉਨ੍ਹਾਂ ਦੇ ਆਫਿਸ ਨੂੰ ਇਹ ਚੇਤਾਵਨੀ ਦਿੱਤੀ ਗਈ ਹੈ ਕਿ ਉਹ ਬੀਜਿੰਗ ਤੋਂ ਸਮਰਥਨ ਪ੍ਰਾਪਤ ਲਿਬਰਲ ਉਮੀਦਵਾਰ ਦਾ ਖਹਿੜਾ ਛੱਡ ਦੇਣ। ਹੁਣ ਇਹ ਲਿਬਰਲ ਉਮੀਦਵਾਰ ਮੈਂਬਰ ਪਾਰਲੀਆਮੈਂਟ ਹੈ।

ਜ਼ਿਕਰਯੋਗ ਹੈ ਕਿ ਆਨਲਾਈਨ ਪੋਸਟ ਕੀਤੀ ਗਈ ਰਿਪੋਰਟ ਵਿੱਚ ਕਿਸੇ ਗੁਮਨਾਮ ਸਕਿਊਰਿਟੀ ਸੂਤਰ ਦੇ ਹਵਾਲੇ ਨਾਲ ਗਲੋਬਲ ਨਿਊਜ਼ ਵੱਲੋਂ ਇਹ ਆਖਿਆ ਗਿਆ ਸੀ ਕਿ ਚੀਨ ਦੀ ਸਰਕਾਰ ਚੀਨੀ ਮੂਲ ਦੇ ਕੈਨੇਡੀਅਨ ਤੇ ਲਿਬਰਲ ਉਮੀਦਵਾਰ ਹੈਨ ਡੌਂਗ ਦੇ ਹੱਕ ਵਿੱਚ ਹੈ ਜਦਕਿ ਹਵਾ ਦਾ ਰੁਖ ਇੱਕ ਹੋਰ ਚੀਨੀ ਕੈਨੇਡੀਅਨ ਲਿਬਰਲ ਉਮੀਦਵਾਰ ਦੇ ਪੱਖ ਵਿੱਚ ਹੈ। ਇਸ ਆਰਟੀਕਲ ਵਿੱਚ ਇਹ ਵੀ ਆਖਿਆ ਗਿਆ ਕਿ ਕੈਨੇਡੀਅਨ ਸਕਿਊਰਿਟੀ ਇੰਟੈਲੀਜੈਂਸ ਸਰਵਿਸ (ਸੀਐਸਆਈਐਸ) ਨੇ ਟਰੂਡੋ ਦੀ



ਟੀਮ ਨੂੰ ਹੈਨ ਦੀ ਉਮੀਦਵਾਰੀ ਰੱਦ ਕਰਨ ਦੀ ਸਲਾਹ ਵੀ ਦਿੱਤੀ। ਪਰ ਇਸ ਦੇ ਬਾਵਜੂਦ ਹੈਨ ਡੌਂਗ 2019 ਵਿੱਚ ਟੋਰਾਂਟੋ ਦੇ ਹਲਕੇ ਤੋਂ ਹਾਊਸ ਆਫ ਕਾਮਨਜ਼ ਲਈ ਚੁਣੇ ਗਏ ਤੇ 2021 ਵਿੱਚ ਇੱਥੋਂ ਹੀ ਮੁੜ ਚੁਣੇ ਗਏ।

ਮਿਸੀਸਾਗਾ ਵਿੱਚ ਇੱਕ ਨਿਊਜ਼ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਟਰੂਡੋ ਨੇ ਆਖਿਆ ਕਿ ਡੌਂਗ ਸਾਡੀ ਟੀਮ ਦੇ ਕਮਾਲ ਦੇ ਮੈਂਬਰ ਹਨ ਤੇ ਇਹ ਆਖਣਾ ਕਿ ਉਹ ਕੈਨੇਡਾ ਪ੍ਰਤੀ ਵਫਾਦਾਰ ਨਹੀਂ ਹਨ, ਗਲਤ ਹੈ। ਉਨ੍ਹਾਂ ਆਖਿਆ ਕਿ ਸੀਐਸਆਈਐਸ ਵੱਲੋਂ ਇਹ ਆਖਣਾ ਕਿ ਇਸ ਸ਼ਖ਼ਸ ਨੂੰ ਚੋਣਾਂ ਵਿੱਚ ਖੜ੍ਹਾ ਨਹੀਂ ਕਰਨਾ ਚਾਹੀਦਾ ਜਾਂ ਦੂਜੇ ਨੂੰ ਟਿਕਟ ਨਹੀਂ ਦੇਣੀ ਚਾਹੀਦੀ ਸਿਰਫ ਝੂਠ ਹੀ ਨਹੀਂ ਹੈ ਸਗੋਂ ਇਸ ਨਾਲ ਸਾਡੇ ਜਮਹੂਰੀ ਤੇ ਸਿਆਸੀ ਢਾਂਚੇ ਵਿੱਚ ਲੋਕਾਂ ਦਾ ਯਕੀਨ ਵੀ ਘਟਦਾ ਹੈ। ਇਸ ਦੌਰਾਨ ਟਰੂਡੋ ਨੇ ਆਖਿਆ ਕਿ ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਚੀਨ ਨੇ ਕੈਨੇਡਾ ਵਿੱਚ ਹੋਈਆਂ ਚੋਣਾਂ ਵਿੱਚ ਦਖ਼ਲਅੰਦਾਜ਼ੀ ਦੀ ਕੋਸ਼ਿਸ਼ ਕੀਤੀ ਪਰ ਉਨ੍ਹਾਂ ਆਖਿਆ ਕਿ ਚੋਣਾਂ ਉੱਤੇ ਵਿਦੇਸ਼ੀ ਪ੍ਰਭਾਵ ਦਾ ਅਧਿਐਨ ਕਰਨ ਲਈ ਕਾਇਮ ਕੀਤੀ ਗਈ ਟਾਸਕ ਫੋਰਸ ਨੇ ਇਹ ਆਖਿਆ ਸੀ ਕਿ 2019 ਤੇ 2021 ਦੀਆਂ ਚੋਣਾਂ ਦੇ ਨਤੀਜਿਆਂ ਨਾਲ ਕੋਈ ਛੇੜਛਾੜ ਨਹੀਂ ਹੋਈ। ਇੱਕ ਲਿਖਤੀ ਬਿਆਨ ਵਿੱਚ ਹੈਨ ਨੇ ਵੀ ਇਹ ਆਖਿਆ ਸੀ ਕਿ ਉਹ ਕਿਸੇ ਵੀ ਤਰ੍ਹਾਂ ਦੇ ਕਥਿਤ ਦਖ਼ਲ ਦੀ ਪਾਰਲੀਆਮੈਂਟੇਰੀਅਨਜ਼ ਵੱਲੋਂ ਕੀਤੀ ਜਾਣ ਵਾਲੀ ਜਾਂਚ ਦੇ ਹੱਕ ਵਿੱਚ ਹਨ ਤੇ ਇਸ ਵਿੱਚ ਪੂਰਾ ਸਮਰਥਨ ਦੇਣਗੇ।

## ਜਰਮਨੀ ਦੀ ਵਿਵਾਦਗ੍ਰਸਤ ਸਿਆਸਤਦਾਨ ਨਾਲ ਕਦੇ ਗੱਲ ਨਹੀਂ ਕੀਤੀ : ਪੌਲੀਐਵਰ

ਓਟਵਾ, 27 ਫਰਵਰੀ (ਪੋਸਟ ਬਿਊਰੋ) : ਜਰਮਨੀ ਦੀ ਵਿਵਾਦਗ੍ਰਸਤ ਸਿਆ-ਸਤਦਾਨ ਵੱਲੋਂ ਇੱਕ ਦੋ ਵਾਰੀ ਪਿਏਰ ਪੌਲੀਐਵਰ ਨਾਲ ਗੱਲ ਕਰਨ ਦੇ ਕੀਤੇ ਗਏ ਦਾਅਵੇ ਤੋਂ ਕੰਜ਼ਰਵੇਟਿਵ ਆਗੂ ਵੱਲੋਂ ਇਨਕਾਰ ਕੀਤਾ ਗਿਆ ਹੈ।

ਜਰਮਨੀ ਪਾਰਟੀ ਦੀ ਬਦਲ ਵਜੋਂ ਵੇਖੀ ਜਾਣ ਵਾਲੀ ਯੂਰਪੀਅਨ ਪਾਰਲੀਆਮੈਂਟ ਦੀ ਸੱਜੇ ਪੱਖੀ ਸੋਚ ਵਾਲੀ ਮੈਂਬਰ ਕ੍ਰਿਸਟੀਨ ਐਂਡਰਸਨ ਨੇ ਵੈਸਟਰਨ ਸਟੈਂਡਰਡ ਮੀਡੀਆ ਆਊਟਲੈੱਟ ਵੱਲੋਂ ਟਵਿੱਟਰ ਉੱਤੇ ਪੋਸਟ ਕੀਤੇ ਗਏ ਵੀਡੀਓ ਵਿੱਚ ਇਸ ਤਰ੍ਹਾਂ ਦੀਆਂ ਟਿੱਪਣੀਆਂ ਕੀਤੀਆਂ। ਇਸ ਵੀਡੀਓ ਵਿੱਚ ਐਂਡਰਸਨ ਤੋਂ ਪੌਲੀਐਵਰ ਬਾਰੇ ਜਦੋਂ ਉਨ੍ਹਾਂ ਦੀ ਰਾਇ ਜਾਨਣ ਲਈ ਸਵਾਲ ਪੁੱਛਿਆ ਗਿਆ ਤਾਂ ਉਨ੍ਹਾਂ ਆਖਿਆ ਕਿ ਇੱਕ ਦੋ ਵਾਰੀ ਪੌਲੀਐਵਰ ਨਾਲ ਉਨ੍ਹਾਂ ਦੀ ਗੱਲ ਹੋਈ ਹੈ ਤੇ ਉਹ ਚੰਗੇ ਸ਼ਖਸ ਹਨ। ਉਨ੍ਹਾਂ ਇਹ ਵੀ ਆਖਿਆ ਕਿ ਸਾਨੂੰ ਅਜਿਹੇ ਲੋਕਾਂ ਦੀ ਲੋੜ ਹੈ ਜਿਹੜੇ ਇੱਕੋ ਜਿਹੀ ਸੋਚ ਰੱਖਦੇ ਹੋਣ ਤੇ ਜਿਨ੍ਹਾਂ ਨੂੰ ਪਤਾ ਹੋਵੇ ਕਿ ਜਮਹੂਰੀਅਤ ਕੀ ਹੈ ਤੇ ਚੁਣੇ ਹੋਏ ਨੁਮਾਇੰਦਿਆਂ ਨੂੰ ਅਸਲ ਵਿੱਚ ਕੀ ਕਰਨਾ ਚਾਹੀਦਾ ਹੈ।

ਇਹ ਪੁੱਛੇ ਜਾਣ ਉੱਤੇ ਕਿ ਕੀ ਕਦੇ ਪੌਲੀਐਵਰ ਨੇ ਐਂਡਰਸਨ ਨਾਲ ਗੱਲ ਕੀਤੀ ਤਾਂ ਵਿਰੋਧੀ ਧਿਰ ਦੇ ਆਗੂ ਦੇ



ਆਫਿਸ ਲਈ ਡਾਇਰੈਕਟਰ ਆਫ ਮੀਡੀਆ ਰਿਲੇਸ਼ਨਜ਼ ਸਬੈਸਤੀਅਨ ਸਕਾਮਸ਼ਕੀ ਨੇ ਆਖਿਆ ਕਿ ਪੌਲੀਐਵਰ ਵੱਲੋਂ ਕਦੇ ਵੀ ਕ੍ਰਿਸਟੀਨ ਐਂਡਰਸਨ ਨਾਲ ਗੱਲ ਨਹੀਂ ਕੀਤੀ ਗਈ ਤੇ ਇਸ ਸਬੰਧੀ ਉਨ੍ਹਾਂ ਉੱਤੇ ਲਾਈਆਂ ਜਾ ਰਹੀਆਂ ਤੁਹਮਤਾਂ ਬਿਲਕੁਲ ਗਲਤ ਹਨ। ਜਦੋਂ ਮੀਡੀਆ ਵੱਲੋਂ ਇਹ ਪੁੱਛੇ ਜਾਣ ਲਈ ਐਂਡਰਸਨ ਨਾਲ ਸੰਪਰਕ ਕੀਤਾ ਗਿਆ ਕਿ ਉਨ੍ਹਾਂ ਦੀ ਪੌਲੀਐਵਰ ਨਾਲ ਕਦੋਂ ਗੱਲ ਹੋਈ ਜਾਂ ਫਿਰ ਉਨ੍ਹਾਂ ਵੱਲੋਂ ਗਲਤੀ ਨਾਲ ਆਪਣੀ ਟਿੱਪਣੀ ਵਿੱਚ ਕੰਜ਼ਰਵੇਟਿਵ ਆਗੂ ਦਾ ਨਾਂ ਲਿਆ ਗਿਆ ਤਾਂ ਉੱਧਰੋਂ ਅਜੇ ਕੋਈ ਜਵਾਬ ਹਾਸਲ ਨਹੀਂ ਹੋਇਆ। ਇੱਥੇ ਇਹ ਵੀ ਦੱਸਣਾ ਬਣਦਾ ਹੈ ਕਿ ਪਿਛਲੇ ਹਫਤੇ ਜਦੋਂ ਐਂਡਰਸਨ ਵੱਲੋਂ ਆਪਣੇ ਕੈਨੇਡਾ ਦੌਰੇ ਦੌਰਾਨ ਤਿੰਨ ਕੰਜ਼ਰਵੇਟਿਵ ਐਮਪੀਜ਼ ਨਾਲ ਮੁਲਾਕਾਤ ਕੀਤੀ ਗਈ ਸੀ ਤਾਂ ਪੌਲੀਐਵਰ ਵੱਲੋਂ ਇਸ ਦੀ ਨਿੰਦਾ ਕੀਤੀ ਗਈ ਸੀ।

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
Home · Auto · Business · Trucking · Life Insurance · Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off.: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
Gerrard India Bazar, Toronto
ਗਰਮੀਆਂ ਦੇ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
1 ਮਈ ਤੋਂ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
call kumar: 437-925-4585
or email: startup2023abusiness@gmail.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

HURRY NOW
COURR-2302FLYER
LIMITED TIME PROMO CODE
use our code for additional discount*
OURR HOME & APPLIANCES
Best deals on LUXURY KITCHEN APPLIANCES
100% Satisfaction Guaranteed
Authorized dealer for ALL MAJOR BRANDS
Unboxed units & new in-box units available
PRICE BEAT guarantee
DELIVERY now available
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST, LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553 www.ourrhomeappliances.com

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6 Brampton, ON, L6P 3W4
Open Saturday
Providing excellent quality legal services to our clients

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
Immigration · Real Estate · Family Law · Business Closing · Corporate · Wills & Estate · Power of Attorney/Affidavit /Attestations
www.kelleylawoffice.ca | info@kelleylawoffice.ca
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types · Walkie pallet Low Lift · Electric Motor Narrow Aisle Reach · Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਤੁਰਕੀ ਵਿੱਚ ਮੁੜ ਆਇਆ ਭੂਚਾਲ, ਇੱਕ ਵਿਅਕਤੀ ਹਲਾਕ, 69 ਜ਼ਖ਼ਮੀ



ਅੰਕਾਰਾ,ਤੁਰਕੀ, 27 ਫਰਵਰੀ (ਪੋਸਟ ਬਿਊਰੋ) : ਦੱਖਣੀ ਤੁਰਕੀ ਵਿੱਚ ਸੋਮਵਾਰ ਨੂੰ ਇੱਕ ਵਾਰੀ ਫਿਰ ਭੂਚਾਲ ਨੇ ਇਲਾਕੇ ਨੂੰ ਹਿਲਾ ਕੇ ਰੱਖ ਦਿੱਤਾ। ਭੂਚਾਲ ਦੀ ਗਤੀ 5•6 ਮਾਪੀ ਗਈ। ਇਸ ਨਾਲ ਪਹਿਲਾਂ ਤੋਂ ਹੀ ਨੁਕਸਾਨੀਆਂ ਗਈਆਂ ਇਮਾਰਤਾਂ ਵਿੱਚੋਂ ਕੁੱਝ ਡਿੱਗ ਗਈਆਂ ਤੇ ਇਸ ਦੌਰਾਨ ਇੱਕ ਵਿਅਕਤੀ ਦੀ ਮੌਤ ਹੋ ਗਈ। ਇਹ ਜਾਣਕਾਰੀ ਦੇਸ਼ ਦੀ ਡਿਜ਼ਾਜ਼ਸਟਰ ਮੈਨੇਜਮੈਂਟ ਏਜੰਸੀ ਏਐਫਏਡੀ ਨੇ ਦਿੱਤੀ।

ਇਸ ਦੌਰਾਨ 69 ਲੋਕ ਜ਼ਖ਼ਮੀ ਵੀ ਹੋਏ। ਇਸ ਭੂਚਾਲ ਦਾ ਕੇਂਦਰ ਮਲਾਤਿਆ ਪ੍ਰੋਵਿੰਸ ਵਿੱਚ ਯੇਸਿਲਯੁਰਤ ਟਾਊਨ ਦੱਸਿਆ ਗਿਆ। ਇੱਥੇ ਦੋ ਦਰਜਨ ਤੋਂ ਵੀ ਵੱਧ ਬਿਲਡਿੰਗਜ਼ ਢਹਿ ਢੇਰੀ ਹੋਈਆਂ। ਯੇਸਿਲਯੁਰਤ ਦੇ ਮੇਅਰ ਮਹਿਮਤ ਸਿਨਾਰ ਨੇ ਦੱਸਿਆ ਕਿ ਇੱਕ ਪਿਤਾ ਤੇ ਉਸ ਦੀ ਧੀ ਟਾਊਨ ਦੀ ਚਾਰ ਮੰਜ਼ਿਲਾ ਬਿਲਡਿੰਗ ਦੇ ਮਲਬੇ ਹੇਠਾਂ ਦੱਬ ਗਏ। ਇਹ ਦੋਵੇਂ ਨੁਕਸਾਨੀ ਗਈ ਬਿਲਡਿੰਗ ਵਿੱਚ ਆਪਣੀਆਂ ਚੀਜ਼ਾਂ ਲੈਣ ਲਈ ਦਾਖਲ ਹੋਏ ਸਨ।

ਇਹ ਵੀ ਪਤਾ ਲੱਗਿਆ ਹੈ ਕਿ ਮਲਾਤਿਆ ਵਿੱਚ ਕੁੱਝ ਪਾਰਕ ਹੋਈਆਂ ਗੱਡੀਆਂ ਦੇ ਉੱਤੇ ਵੀ ਦੋ ਇਮਾਰਤਾਂ ਡਿੱਗ ਗਈਆਂ। ਮਲਾਤਿਆ ਤੁਰਕੀ ਦੇ ਉਨ੍ਹਾਂ 11 ਪ੍ਰੋਵਿੰਸਾਂ ਵਿੱਚੋਂ ਇੱਕ ਹੈ ਜਿੱਥੇ 6 ਫਰਵਰੀ ਨੂੰ ਆਏ 7•8 ਗਤੀ ਦੇ ਭੂਚਾਲ ਨਾਲ ਕਾਫੀ ਨੁਕਸਾਨ ਪਹੁੰਚਿਆ ਸੀ।

# ਚਾਕੂ ਨਾਲ ਲੋਕਾਂ ਨੂੰ ਧਮਕਾਉਣ ਵਾਲੇ ਵਿਅਕਤੀ ਉੱਤੇ ਪੁਲਿਸ ਅਧਿਕਾਰੀ ਨੇ ਚਲਾਈਆਂ ਗੋਲੀਆਂ, ਜਾਂਚ ਜਾਰੀ

ਟੋਰਾਂਟੋ, 27 ਫਰਵਰੀ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ 30 ਸਾਲਾ ਵਿਅਕਤੀ ਨੂੰ ਪੁਲਿਸ ਅਧਿਕਾਰੀ ਵੱਲੋਂ ਗੋਲੀ ਮਾਰੇ ਜਾਣ ਦੀ ਘਟਨਾ ਦੀ ਐਸਆਈਯੂ ਵੱਲੋਂ ਜਾਂਚ ਕੀਤੀ ਜਾ ਰਹੀ ਹੈ।



ਇੱਕ ਵਿਅਕਤੀ ਵੱਲੋਂ ਚਾਕੂ ਨਾਲ ਲੋਕਾਂ ਨੂੰ ਧਮਕਾਉਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਸੋਮਵਾਰ ਨੂੰ ਸਵੇਰੇ 8:00 ਵਜੇ ਤੋਂ ਪਹਿਲਾਂ ਪੁਲਿਸ ਅਧਿਕਾਰੀ ਬਲੈਕ ਕ੍ਰੀਕ ਤੇ ਟ੍ਰੈਥਵੇਅ ਡਰਾਈਵਜ਼ ਇਲਾਕੇ ਵਿੱਚ ਪਹੁੰਚੇ। ਟੋਰਾਂਟੋ ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਇੱਥੋਂ ਨੇੜਲੇ ਪਾਰਕ ਵਿੱਚ ਆਪਣੇ ਕੁੱਤੇ ਨੂੰ ਘੁਮਾ ਰਿਹਾ ਸੀ ਜਦੋਂ ਉਸ ਦੀ ਇੱਕ ਹੋਰ ਵਿਅਕਤੀ ਨਾਲ ਬਹਿਸ ਹੋ ਗਈ। ਕੁੱਤੇ ਨੂੰ ਘੁਮਾ ਰਹੇ 31 ਸਾਲਾ ਵਿਅਕਤੀ ਨੇ ਚਾਕੂ ਕੱਢ ਲਿਆ ਤੇ ਦੂਜੇ ਵਿਅਕਤੀ ਨੂੰ ਧਮਕਾਉਣ ਲੱਗਿਆ।

ਪਾਰਕ ਦੇ ਨੇੜੇ ਹੀ ਟੋਰਾਂਟੋ ਪੁਲਿਸ ਦੀ 12ਵੀਂ ਡਵੀਜ਼ਨ ਦੇ ਸਥਿਤ ਹੋਣ ਕਾਰਨ ਮਿੰਟਾਂ ਵਿੱਚ ਹੀ ਪੁਲਿਸ ਉੱਥੇ ਪਹੁੰਚ ਗਈ। ਸਪੈਸ਼ਲ ਇਨਵੈਸਟੀਗੇਸ਼ਨ ਯੂਨਿਟ (ਐਸਆਈਯੂ) ਦਾ ਕਹਿਣਾ ਹੈ ਕਿ ਜਿਸ ਵਿਅਕਤੀ ਕੋਲ ਚਾਕੂ ਸੀ ਉਸ ਦੀ ਪੁਲਿਸ ਨਾਲ ਵੀ ਬਹਿਸ ਹੋਈ ਤੇ ਉੱਥੇ ਮੌਜੂਦ ਪੁਲਿਸ ਅਧਿਕਾਰੀ ਵੱਲੋਂ ਕਈ ਗੋਲੀਆਂ ਚਲਾਈਆਂ ਗਈਆਂ। ਇਸ ਘਟਨਾ ਵਿੱਚ ਉਹ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ। ਕੁੱਝ ਅਧਿਕਾਰੀਆਂ ਵੱਲੋਂ ਉਸ ਨੂੰ ਫਰਸਟ ਏਡ ਵੀ ਦਿੱਤੀ ਗਈ ਤੇ ਬਾਅਦ ਵਿੱਚ ਪੈਰਾਮੈਡਿਕਸ ਉਸ ਨੂੰ ਹਸਪਤਾਲ ਲੈ ਗਏ।

ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਇਸ ਘਟਨਾ ਵਿੱਚ ਕੋਈ ਹੋਰ ਵੀ ਜ਼ਖ਼ਮੀ ਹੋਇਆ ਹੈ ਜਾਂ ਨਹੀਂ। ਐਸਆਈਯੂ ਵੱਲੋਂ ਮਾਮਲੇ ਦੀ ਤਹਿ ਤੱਕ ਜਾਣ ਲਈ ਛੇ ਜਾਂਚਕਾਰ ਨਿਯੁਕਤ ਕੀਤੇ ਗਏ ਹਨ।

## ਅੱਜ ਨਾਮਾ

ਸਿਆਸਤ ਹੋਰ ਤੋਂ ਹੋਰ ਆ ਗਰਮ ਹੁੰਦੀ,
ਵਧਦਾ ਜਾਵੇ ਪਿਆ ਹੋਰ ਵਿਗਾੜ ਮੀਆਂ।
ਬੋਲਣ ਲੀਡਰ ਤਾਂ ਭਾਸ਼ਣ ਵੀ ਗਰਮ ਡਾਢੇ,
ਦਿਲੋਂ ਜਿਸ ਤਰ੍ਹਾਂ ਨਿਕਲਿਆ ਸਾੜ ਮੀਆਂ।
ਉੱਲੂ ਬਾਰੇ ਅਖਾਉਤਾਂ ਹਨ ਕਈ ਸੁਣੀਆਂ,
ਇਹ ਵੀ ਓਦਾਂ ਪਏ ਭਾਲਣ ਉਜਾੜ ਬੇਲੀ।
ਫਿਕਰ ਪਰਜਾ ਦੇ ਕੋਈ ਨਹੀਂ ਕਰਨ ਵਾਲਾ,
ਉਡੀਕਦੇ ਵੋਟਾਂ ਦੀ ਫਸਲ ਦਾ ਝਾੜ ਮੀਆਂ।
ਖਾਂਦੇ ਈ ਜਿਹੜੇ ਸੰਵਿਧਾਨ ਦੀ ਸਹੁੰ ਲੀਡਰ,
ਇਹ ਵੀ ਫੋਕਾ ਹੈ ਸਹੁੰਆਂ ਦਾ ਭਰਮ ਮੀਆਂ।
ਕਾਹਦੀਆਂ ਸਹੁੰਆਂ ਤੇ ਫਰਜ਼ ਦੀ ਸੋਚ ਏਥੇ,
ਕਿਰਦਾਰ ਵਾਸਤੇ ਕੋਈ ਨਹੀਂ ਸ਼ਰਮ ਮੀਆਂ।

**ਤੀਸ ਮਾਰ ਖਾਂ**

# ਉਤਰੀ ਇੰਗਲੈਂਡ ’ਚ ਕਾਰ ਦੀ ਟੱਕਰ ਨਾਲ ਭਾਰਤੀ ਮੂਲ ਦੀ ਵਿਦਿਆਰਥਣ ਦੀ ਮੌਤ

ਲੰਡਨ, 27 ਫਰਵਰੀ (ਪੋਸਟ ਬਿਊਰੋ): ਉੱਤਰੀ ਇੰਗਲੈਂਡ ਦੇ ਲੀਡਜ਼ ਸ਼ਹਿਰ ਵਿੱਚ ਇੱਕ ਤੇਜ਼ ਰਫ਼ਤਾਰ ਕਾਰ ਨੇ ਬੱਸ ਸਟਾਪ ਅਤੇ ਪੈਦਲ ਚੱਲਣ ਵਾਲਿਆਂ ਨੂੰ ਟੱਕਰ ਮਾਰ ਦਿੱਤੀ। ਇਸ ਦੌਰਾਨ ਇੱਕ ਭਾਰਤੀ ਵਿਦਿਆਰਥਣ ਦੀ ਮੌਕੇ 'ਤੇ ਹੀ ਮੌਤ ਹੋ ਗਈ। ਵੈਸਟ ਯੌਰਕਸ਼ਾਇਰ ਪੁਲਿਸ ਨੇ ਮ੍ਰਿਤਕਾ ਦੀ ਪਛਾਣ ਅਥੀਰਾ ਅਨਿਲ ਕੁਮਾਰ ਲਾਲੀ ਕੁਮਾਰੀ ਵਜੋਂ ਕੀਤੀ ਹੈ।

ਲੀਡਜ਼ ਮਲਿਆਲੀ ਐਸੋਸੀਏਸ਼ਨ ਦੇ ਅਨੁਸਾਰ, ਅਥੀਰਾ (25) ਕੇਰਲ ਦੇ ਤਿਰੂਵਨੰਤਪੁਰਮ ਦੀ ਵਸਨੀਕ ਸੀ ਅਤੇ ਉਸਨੇ ਪਿਛਲੇ ਮਹੀਨੇ ਹੀ ਲੀਡਜ਼ ਬੇਕੇਟ ਯੂਨੀਵਰਸਿਟੀ ਵਿੱਚ ਆਪਣੀ ਪੜ੍ਹਾਈ ਸ਼ੁਰੂ ਕੀਤੀ ਸੀ। ਪੁਲਿਸ ਨੇ ਇੱਕ ਬਿਆਨ ਵਿੱਚ ਕਿਹਾ ਕਿ ਅਥਿਰਾ ਉਨ੍ਹਾਂ ਦੋ ਪੈਦਲ ਯਾਤਰੀਆਂ ਵਿੱਚੋਂ ਇੱਕ ਸੀ, ਜਿਨ੍ਹਾਂ ਨੂੰ ਕਾਰ ਦੀ ਟੱਕਰ ਨਾਲ ਗੰਭੀਰ ਸੱਟਾਂ ਲੱਗੀਆਂ ਸਨ। ਘਟਨਾ 'ਚ ਕਾਲੇ ਰੰਗ ਦੀ ਫਾਕਸਵੈਗਨ ਗੋਲਫ ਕਾਰ ਅਤੇ ਇਕ ਬੱਸ ਸਟਾਪ ਨੂੰ ਵੀ ਨੁਕਸਾਨ ਪਹੁੰਚਿਆ।



ਯੌਰਕਸ਼ਾਇਰ ਪੁਲਿਸ ਨੇ ਕਿਹਾ ਕਿ ਦੂਜੇ ਜ਼ਖਮੀ ਵਿਅਕਤੀ (ਉਮਰ 40 ਸਾਲ) ਦਾ ਹਸਪਤਾਲ ਵਿੱਚ ਇਲਾਜ ਕੀਤਾ ਜਾ ਰਿਹਾ ਹੈ। ਕਾਰ ਚਾਲਕ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ ਅਤੇ ਖਤਰਨਾਕ ਡਰਾਈਵਿੰਗ ਕਰਕੇ ਮੌਤ ਦਾ ਕਾਰਨ ਬਣਨ ਦਾ ਦੋਸ਼ ਲਗਾਇਆ ਗਿਆ ਸੀ। ਪਰ ਕੁਝ ਸਮੇਂ ਬਾਅਦ ਛੱਡ ਦਿੱਤਾ ਗਿਆ, ਕਿਉਂਕਿ ਟੱਕਰ ਦੀ ਜਾਂਚ ਜਾਰੀ ਹੈ।

ਪੁਲਿਸ ਮੁਤਾਬਕ ਇਹ ਹਾਦਸਾ 22 ਫਰਵਰੀ ਨੂੰ ਹੋਇਆ ਸੀ ਅਤੇ ਇਲਾਕੇ ਵਿੱਚ ਲੱਗੇ ਕੈਮਰਿਆਂ ਤੋਂ ਫੁਟੇਜ ਮੰਗੀ ਗਈ ਹੈ। ਖਬਰਾਂ ਅਨੁਸਾਰ, ਬਰਮਿੰਘਮ ਵਿੱਚ ਭਾਰਤੀ ਕੌਂਸਲੇਟ ਹੁਣ ਪੀੜਤ ਪਰਿਵਾਰ ਨੂੰ ਸਹਾਇਤਾ ਪ੍ਰਦਾਨ ਕਰਨ ਲਈ ਮਾਮਲੇ ਦੀ ਜਾਂਚ ਕਰ ਰਿਹਾ ਹੈ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ ‘ਨਾਂਹ’, ਅਸੀਂ ਕਰਾਂਗੇ ‘ਹਾਂ’
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9



NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜ਼ੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜ਼ੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ –
ਤੁਹਾਡੀ ਭਾਸ਼ਾ ਬੋਲਦੇ – Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience



SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com



ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com



ukttc UK TRUCK TRAINING CENTRE PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਪੰਜਾਬੀ ਨਾਟਕ 'ਵਿਚਲੀ ਔਰਤ' ਦਾ ਸਫਲਤਾ ਪੂਰਵਕ ਮੰਚਨ

## ਔਰਤ ਦੀ ਜ਼ਿੰਦਗੀ ਦੇ ਅੰਤਰੀਵੀਂ ਅਣਛੂਹੇ ਪਹਿਲੂਆਂ ਨੂੰ ਪੇਸ਼ ਕਰ ਗਿਆ ਨਾਟਕ 'ਵਿਚਲੀ ਔਰਤ'







ਅੰਮ੍ਰਿਤਸਰ, 27 ਫਰਵਰੀ (ਗਿਆਨ ਸਿੰਘ): ਔਰਤ ਦੇ ਅੰਤਰੀਵੀ ਦਵੰਦਾਂ ਨੂੰ ਭਰਪੂਰ ਨਾਟਕੀ ਛੂਹਾਂ ਨਾਲ ਸਫਲਤਾਪੂਰਵਕ ਪੇਸ਼ ਕਰ ਗਿਆ ਨਾਟਕ ' ਵਿਚਲੀ ਔਰਤ '। ਪੰਜਾਬੀ ਦੇ ਉੱਘੇ ਡਾਇਰੈਕਟਰ ਮੰਚਪ੍ਰੀਤ ਅਤੇ ਪੰਜਾਬੀ ਰੰਗਮੰਚ ਦੇ ਪ੍ਰੋੜ ਅਦਾਕਾਰਾ ਦੀ ਕਲਾ ਦੀ ਬਦੌਲਤ ਇੱਕ ਨਾਟਕ ਮੰਚ 'ਤੇ ਖੇਡਿਆ ਜਾ ਰਿਹਾ ਸੀ ਅਤੇ ਇੱਕ ਇੱਕ ਦਰਸ਼ਕਾਂ ਦੇ ਮਨਾਂ ਵਿੱਚ ਬਰਾਬਰ ਚਲ ਰਿਹਾ ਸੀ ,ਤੱਕ ਦਾ ਸਫਰ ਤੈਅ ਕੀਤਾ । ਨਾਟਕ ਵੇਖਣ ਯੂ.ਐਸ.ਏ ਤੋਂ ਉਚੇਚੇ ਤੌਰ 'ਤੇ ਪੁੱਜੇ ਉੱਘੇ ਸ਼ਾਇਰ ਅਤੇ ਕਹਾਣੀਕਾਰ ਡਾ ਕਰਨੈਲ ਸਿੰਘ , ਪੰਜਾਬੀ ਮੈਗਜ਼ੀਨ 'ਅੱਖਰ' ਦੇ ਸਰਪ੍ਰਸਤ ਡਾ ਵਿਕਰਮ , ਪੰਜਾਬੀ ਸ਼ਾਇਰ ਅਤੇ ਨਾਟਕ ਦੇ ਗੀਤ ਲਿਖਣ ਵਾਲੇ ਸ਼ਾਇਰ ਵਿਸ਼ਾਲ , ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਸ੍ਰੀ ਪ੍ਰਵੀਨ ਪੁਰੀ , ਉੱਘੀ ਸਮਾਜ ਸੇਵਿਕਾ ਮਨਦੀਪ ਟਾਗਰਾ ਤੋਂ ਇਲਾਵਾ ਸ਼ਹਿਰ ਦੀਆਂ ਹੋਰ ਵੀ ਉੱਘੀਆਂ ਹਸਤੀਆਂ ਉਚੇਚੇ ਤੌਰ ਤੇ ਨਾਟਕ ਵੇਖਣ ਪੁੱਜੀਆਂ ਸਨ । ਜਿਨ੍ਹਾਂ ਵੱਲੋਂ ਔਰਤਾਂ ਦੇ ਅਤਿ ਸੰਵੇਦਨਸ਼ੀਲ ਵਿਸ਼ੇ ਨੂੰ ਕਹਾਣੀਆਂ ਵਿੱਚੋਂ ਕੱਢ ਕੇ ਰੰਗ ਮੰਚ 'ਤੇ ਸਫਲਤਾ ਪੂਰਵਕ ਪੇਸ਼ ਕਰਨ ਦੀਆਂ ਡਾਇਰੈਕਟਰ ਅਤੇ ਕਲਾਕਾਰਾਂ ਨੂੰ ਮੁਬਾਰਕਾਂ ਦਿੱਤੀਆਂ । ਔਰਤਾਂ ਦੇ ਅੰਤਰੀਵ ਪੱਖਾਂ ਨੂੰ ਕਹਾਣੀਆਂ ਵਿੱਚ ਕਲਾਤਮਿਕਤਾ ਨਾਲ ਪੇਸ਼ ਕਰਨਾ ਅਜੇ ਬਹੁਤ ਸੌਖਾ ਹੈ ਪਰ ਮੰਚ 'ਤੇ ਪੇਸ਼ ਕਰਨਾ ਬਹੁਤ ਔਖਾ ਜਿਸ ਨੂੰ ਦੂਰ-ਅੰਦੇਸ਼ੀ ਅਤੇ ਬਰੀਕਬੀਨੀ ਵਾਲਾ ਕਲਾਕਾਰ ਅਤੇ ਡਾਇਰੈਕਟਰ ਹੀ ਪੇਸ਼ ਕਰ ਸਕਦਾ । ਉੱਘੇ ਨਾਟਕਕਾਰ ਸ੍ਰ ਜਤਿੰਦਰ ਬਰਾੜ ਨੇ ਆਪਣੇ ਸੰਬੋਧਨ ਵਿੱਚ ਕਲਾਕਾਰਾਂ ਨਾਲ ਅਤੇ ਨਾਟਕ ਦੇ ਡਾਇਰੈਕਟਰ ਨਾਲ ਜਾਣ ਪਛਾਣ ਕਰਵਾਉਦਿਆ ਕਿਹਾ । ਉਨ੍ਹਾਂ ਅੱਗੇ ਕਿਹਾ ਕਿ ਅੰਮ੍ਰਿਤਸਰ ਦੇ ਸੰਜੀਦਾ ਦਰਸ਼ਕਾਂ ਵੱਲੋਂ ਭਰੇ ਜਾ ਰਹੇ ਹੁੰਗਾਰੇ ਦੀ ਬਦੌਲਤ ਹੀ ਉਹ ਇਹ ਉਪਰਾਲੇ ਜਾਰੀ ਰੱਖ ਰਹੇ ਹਨ । ਉਨ੍ਹਾਂ ਪੰਜਾਬੀ ਦੇ ਜਿਨ੍ਹਾਂ ਤਿੰਨ ਕਹਾਣੀਕਾਰਾਂ ਦੀਆਂ ਕਹਾਣੀਆਂ ਦੇ ਅਧਾਰ ਨਾਟਕ ' ਵਿਚਲੀ ਔਰਤ' ਤਿਆਰ ਕੀਤਾ ਗਿਆ ਦੇ ਪਿਛੋਕੜ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਕਿਹਾ ਇਸ ਸਮੇਂ ਪੰਜਾਬੀ ਨਾਟਕ ਅਤੇ ਪੰਜਾਬੀ ਕਹਾਣੀਆਂ ਵਿਸ਼ਵ ਸਾਹਿਤ ਦੇ ਨਾਲ ਬਰ ਮੇਚ ਕਿ ਚੱਲ ਰਹੀਆਂ ਜੋ ਪੰਜਾਬੀ ਸਾਹਿਤ ਜਗਤ ਦ ਇੱਕ ਹਾਸਿਲ ਹੈ । ਅੱਜ ਨਾਟਕ ਦਾ ਪਹਿਲਾਂ ਮੰਚਨ ਪੰਜਾਬ ਨਾਟਸ਼ਾਲਾ ਸਾਹਮਣੇ ਖਾਲਸਾ ਕਾਲਜ ਵਿੱਚ ਹੋਇਆ ਜਿਸ ਦਾ ਦੂਸਰੇ ਦਿਨ ਦਾ ਸ਼ੋਅ 26 ਫਰਵਰੀ ਨੂੰ ਸ਼ਾਮ ਦੇ 6:00 ਵਜੇ ਹੋਵੇਗਾ । ਨਾਟਕ ਦੇ ਡਾਇਰੈਕਟਰ ਮੰਚਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬੀ ਦੇ ਸਮਰੱਥ ਕਹਾਣੀਕਾਰਾਂ ਦੀਆਂ ਤਿੰਨ ਕਲਾਸੀਕਲ ਕਹਾਣੀਆਂ ਨੂੰ ਨਾਟਕ ਦਾ ਅਧਾਰ ਬਣਾ ਕੇ ਇੱਕ ਨਵਾਂ ਤਜਰਬਾ ਪੰਜਾਬੀ ਨਾਟਕ ਦੇ ਇਤਿਹਾਸ ਵਿੱਚ ਕੀਤਾ ਗਿਆ ਹੈ । ਜਿਸ ਵਿੱਚ ਔਰਤ ਵਿਚਲੀ ਔਰਤ ਨੂੰ ਪੇਸ਼ ਕੀਤਾ ਗਿਆ ਹੈ ।ਇਸ ਨਾਟਕ ਦੇ ਗੀਤ ਪੰਜਾਬੀ ਸ਼ਾਇਰ ਵਿਸ਼ਾਲ ਨੇ ਬਹੁਤ ਢੁਕਵੇਂ ਲਿਖੇ ਹਨ ਜਿਨ੍ਹਾਂ ਨੂੰ ਸੰਗੀਤ ਹਰਿੰਦਰ ਸੋਹਲ ਨੇ ਦਿੱਤਾ ਹੈ । ਉਨ੍ਹਾਂ ਪੰਜਾਬੀ ਰੰਗਮੰਚ ਪ੍ਰੇਮੀਆਂ ਵੱਲੋਂ ਪਹਿਲੇ ਦਿਨ ਭਰੇ ਭਰਪੂਰ ਹੁੰਗਰੇ ਦਾ ਧੰਨਵਾਦ ਕੀਤਾ ਅਤੇ ਕਿਹਾ ਉਹ ਭਵਿੱਖ ਵਿੱਚ ਵੀ ਉਨ੍ਹਾਂ ਦੀਆਂ ਇੱਛਾਵਾਂ 'ਤੇ ਖਰੇ ਉਤਰਨ ਦਾ ਉਪਰਾਲਾ ਕਰਨਗੇ । ਨਾਟਕ "ਵਿਚਲੀ ਔਰਤ" ਵਿੱਚ ਔਰਤਾਂ ਦੀ ਜਿੰਦਗੀ ਤੇ ਅਧਾਰਿਤ ਪੰਜਾਬੀ ਦੇ ਤਿੰਨ ਪ੍ਰਮੁੱਖ ਕਹਾਣੀਕਾਰਾਂ ਦੀਆਂ ਤਿੰਨ ਕਹਾਣੀਆਂ ਸ਼ਾਮਲ ਕੀਤੀਆਂ ਗਈਆਂ ਹਨ, ਜਿਸ ਵਿਚ ਕਰਤਾਰ ਸਿੰਘ ਦੁੱਗਲ ਦੀ """ਚਾਨਣੀ ਰਾਤ ਦਾ ਇੱਕ ਦੁਖਾਂਤ", ਰਾਮ ਸਰੂਪ ਅਣਖੀ ਦੀ "ਸੁੱਤਾ ਨਾਗ" 'ਤੇ ਤਲਵਿੰਦਰ ਸਿੰਘ ਦੀ "ਵਿਚਲੀ ਔਰਤ" ਸ਼ਾਮਲ ਹੈ।. ਇਹ ਤਿੰਨੇ ਕਹਾਣੀਆਂ ਔਰਤ ਦੀ ਜ਼ਿੰਦਗੀ ਦੇ ਉਸ ਦੁਖਾਂਤ ਨੂੰ ਪ੍ਰਸਤੁਤ ਕਰਦੀਆਂ ਹਨ ਜਿਸ ਦੀ ਗੱਲ ਕਰਨ ਤੋਂ ਅਕਸਰ ਸਾਡਾ ਸਮਾਜ ਗੁਰੇਜ਼ ਕਰਦਾ ਹੈ। ਪਰਿਵਾਰ ਤੇ ਸਮਾਜ ਦੀ ਇੱਜ਼ਤ ਦੇ ਨਾਂ ਤੇ ਔਰਤ ਦੀ ਆਜ਼ਾਦੀ, ਉਸਦੀਆਂ ਸੱਧਰਾਂ, ਉਸ ਦੀਆਂ ਇੱਛਾਵਾਂ ਨੂੰ ਹਮੇਸ਼ਾ ਤੋਂ ਕੁਰਬਾਨ ਕੀਤਾ ਜਾਂਦਾ ਆਇਆ ਹੈ। ਵਧੇਰੇ ਕਰਕੇ ਔਰਤਾਂ ਆਪਣੀ ਸਥਿਤੀ ਨਾਲ ਸਮਝੌਤਾ ਕਰਕੇ ਸਮਾਜ ਦੇ ਇਸ ਵਰਤਾਰੇ ਨੂੰ ਸਵੀਕਾਰ ਕਰ ਲੈਂਦੀਆਂ ਹਨ। ਪਰ ਕੁਝ ਅਜਿਹੀਆਂ ਵੀ ਹੁੰਦੀਆਂ ਹਨ ਜਿਹੜੀਆਂ ਕਿ ਸਮਾਜ ਦੇ ਇਸ ਵਖਰੇਵੇਂ ਦੇ ਖਿਲਾਫ਼ ਆਵਾਜ਼ ਉਠਾਉਣ ਦੀ ਹਿੰਮਤ ਜੁਟਾਉਂਦੀਆਂ ਹਨ । ਉਨ੍ਹਾਂ ਦੱਸਿਆ ਕਿ ਇਸ ਅੰਜਾਮ ਨੂੰ ਸਿਰ ਚੁੱਕ ਕੇ ਭੁਗਤਦੀਆਂ ਹਨ, ਚਾਹੇ ਉਹ ਚੰਗਾ ਹੋਵੇ ਜਾਂ ਮਾੜਾ। ਨਾਟਕ ਵਿਚਲੀ ਔਰਤ ਅਜਿਹੀਆਂ ਹੀ ਨੂੰ ਔਰਤਾਂ ਨੂੰ ਸਮਰਪਿਤ ਹੈ, ਜਿਹੜੀਆਂ ਦੂਸਰਿਆਂ ਵੱਲੋਂ ਸਿਰਜ ਕੇ ਦਿੱਤੀ ਹੋਈ ਜ਼ਿੰਦਗੀ ਜਿਉਂਦਿਆਂ ਜਦੋਂ ਅੱਕ ਜਾਂਦੀਆਂ ਨੇ ਤੇ ਫਿਰ ਉਹ ਇਕ ਵੱਖਰਾ ਰਾਹ ਚੁਣ ਲੈਂਦੀਆਂ । ਜਿਸ ਦੇ ਚਲਦਿਆਂ ਹੋਇਆਂ ਕਈ ਵਾਰੀ ਉਹਨਾਂ ਦਾ ਜੀਵਨ ਸੁਖਾਲਾ ਹੋ ਜਾਂਦਾ ਹੈ। ਕਈ ਵਾਰੀ ਬਹੁਤ ਚੰਗੇ ਨਤੀਜੇ ਵੀ ਨਹੀਂ ਨਿਕਲਦੇ। ਪਰ ਇਹ ਉਹਨਾਂ ਵੱਲੋਂ ਚੁਣੀ ਗਈ, ਆਪਣੀ ਸਿਰਜੀ ਜ਼ਿੰਦਗੀ ਹੁੰਦੀ ਹੈ। ਉਨ੍ਹਾਂ ਦਸਿਆ ਕਿ

ਨਾਟਕ ਦਾ ਸੰਗੀਤ ਹਰਿੰਦਰ ਸੋਹਲ ਦਾ ਹੈ, ਗੀਤ ਵਿਸ਼ਾਲ ਬਿਆਸ ਦੇ ਲਿਖੇ ਹੋਏ ਹਨ ਜਿਸ ਨਾਟਕ ਆਪਣੀਆ ਸਿਖਰਾਂ ਛੂਹਦਾ ਹੈ। ਨਾਟਕ ਵਿੱਚ ਮਨਦੀਪ ਘੱਈ , ਸੁਖਵਿੰਦਰ ਵਿਰਕ , ਜਗਦੀਸ਼ ਸਿੰਘ ਜੱਬਲ ,ਭਜਨਦੀਪ ਸਿੰਘ, ਕਮਲਜੀਤ ਸਿੰਘ ਬਿਸ਼ਟ ,ਕਰਨਬੀਰ ਸਿੰਘ ,ਰੋਬਿਨ ਭਸੀਨ ,ਕੁਲਜੀਤ ਸਿੰਘ ,ਦਿਪੀਕਾ , ਹਰਸ਼ਿਤਾ, ਗਾਯਤ੍ਰੀ , ਸਾਚਿਨਾਂ , ਮੋਹਿਤ , ਸੂਰਜ ,ਕਾਕ੍ਹਾ ਨੇ ਕਮਾਲ ਦੀ ਅਦਾਕਾਰੀ ਵਿਖਾਈ ਜੋ ਦਰਸ਼ਕਾ ਨੂੰ ਅਹਿਸਾਸ ਕਰਵਾ ਦਿੰਦੀ ਹੈ ਕਿ ਇਹ ਅਸਲ ਨਾਟਕ ਜੋ ਰੰਗਮੰਚ 'ਤੇ ਚੱਲ ਰਿਹਾ ਹੈ । ਕਹਾਣੀਕਾਰ ਤਲਵਿੰਦਰ ਸਿੰਘ ਦੀ ਬੇਟੀ ਸੁਪ੍ਰੀਤ ਕੌਰ ਆਪਣੇ ਪਰਿਵਾਰ ਦੇ ਮੈਂਬਰਾਂ ਨਾਲ ਇਸ ਮੌਕੇ ਯੂ.ਐਸ.ਏ ਤੋਂ ਉਚੇਚੇ ਤੌਰ ਤੇ ਪੁੱਜੇ ਸਨ । ਅੱਜ ਦੇ ਨਾਟਕ ਦਾ ਨਾਂ ਹੀ ਉਨ੍ਹਾਂ ਦੇ ਪਿਤਾ ਮਰਹੂਮ ਕਹਾਣੀਕਾਰ ਤਲਵਿੰਦਰ ਸਿੰਘ ਦੀ ਕਹਾਣੀ ' ਵਿਚਲੀ ਔਰਤ 'ਤੇ ਅਧਾਰਿਤ ਸੀ । ਤਰਲੋਚਨ ਤਰਨਤਾਰਨ , ਭੁਪਿੰਦਰ ਸਿੰਘ ਸੰਧੂ, ਜਗਤਾਰ ਮਹਿਲਾਵਾਲਾ, ਵੀ ਦਰਸ਼ਕਾਂ ਵਿੱਚ ਹਾਜ਼ਰ ਸਨ ।

# ਮੁੱਖ ਮੰਤਰੀ ਭਗਵੰਤ ਮਾਨ ਦੀਆਂ ਕੋਸ਼ਿਸ਼ਾਂ ਨੂੰ ਪਿਆ ਬੂਰ, ਕੇਂਦਰ ਨੇ ਉੜੀਸਾ ਤੋਂ ਸਮੁੰਦਰ ਰਾਹੀਂ ਕੋਲਾ ਲਿਆਉਣ ਦੀ ਸ਼ਰਤ ਹਟਾਈ

## * ਗਰਮੀਆਂ ਦੇ ਮੌਸਮ ਦੌਰਾਨ ਸੂਬੇ ਵਿੱਚ ਬਿਜਲੀ ਦੀ ਕੋਈ ਕਮੀ ਨਹੀਂ ਹੋਵੇਗੀ : ਮੁੱਖ ਮੰਤਰੀ



ਚੰਡੀਗੜ੍ਹ, 27 ਫਰਵਰੀ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀਆਂ ਕੋਸ਼ਿਸ਼ਾਂ ਕਾਰਨ ਕੇਂਦਰ ਸਰਕਾਰ ਮਹਾਨਦੀ ਕੋਲਾਫੀਲਡਜ਼ ਲਿਮਟਿਡ (ਐਮ.ਸੀ.ਐਲ.) ਤੋਂ ਕੋਲੇ ਦੀ ਸਪਲਾਈ ਤਲਵੰਡੀ ਸਾਬੋ ਪਾਵਰ ਲਿਮਟਿਡ (ਟੀ.ਐਸ.ਪੀ.ਐਲ.) ਨੂੰ ਕਰਨ ਵੇਲੇ ਲਾਈ ਲਾਜ਼ਮੀ ਸ਼ਰਤ ਰੇਲ-ਸਮੁੰਦਰ-ਰੇਲ (ਆਰ.ਐਸ.ਆਰ.) ਵਿੱਚ ਛੋਟ ਦੇਣ ਲਈ ਸਹਿਮਤ ਹੋ ਗਈ ਹੈ।

ਇੱਥੇ ਅੱਜ ਕੇਂਦਰੀ ਬਿਜਲੀ ਮੰਤਰੀ ਨਾਲ ਮੁਲਾਕਾਤ ਲਈ ਪੁੱਜੇ ਮੁੱਖ ਮੰਤਰੀ ਨੇ ਕੋਲਾ ਸਪਲਾਈ ਲਈ ਲਾਜ਼ਮੀ ਆਰ.ਐਸ.ਆਰ ਦੀ ਸ਼ਰਤ ਵਿੱਚ ਛੋਟ ਦੇਣ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਭਗਵੰਤ ਮਾਨ ਨੇ 9 ਦਸੰਬਰ 2022 ਨੂੰ ਬਿਜਲੀ ਮੰਤਰੀ ਨਾਲ ਹੋਈ ਮੀਟਿੰਗ ਦੌਰਾਨ ਇਹ ਮੁੱਦਾ ਚੁੱਕਿਆ ਸੀ ਅਤੇ ਇਸ ਸਬੰਧੀ ਪੱਤਰ ਵੀ ਲਿਖਿਆ ਸੀ। ਉਨ੍ਹਾਂ ਕਿਹਾ ਕਿ ਕੇਂਦਰੀ ਮੰਤਰੀ ਨੇ ਜਾਣੂ ਕਰਵਾਇਆ ਕਿ ਜਿੱਥੋਂ ਤੱਕ ਕੋਲੇ ਦੀ ਢੋਆ-ਢੁਆਈ ਦਾ ਸਬੰਧ ਹੈ, ਭਾਰਤ ਸਰਕਾਰ ਨੇ ਕੋਈ ਰੂਟ ਜਾਂ ਬੰਦਰਗਾਹ ਤੈਅ ਨਹੀਂ ਕੀਤੀ ਅਤੇ ਢੋਆ-ਢੁਆਈ ਦੀ ਸਮੁੱਚੀ ਜ਼ੰਮੇਵਾਰੀ ਸੂਬਿਆਂ/ਉਤਪਾਦਕਾਂ ਨਾਲ ਸਬੰਧਤ ਹੈ। ਉਨ੍ਹਾਂ ਕਿਹਾ ਕਿ ਐਮ.ਸੀ.ਐਲ. ਤੋਂ ਪੰਜਾਬ ਨੂੰ ਵਾਧੂ ਕੋਲਾ ਅਲਾਟ ਹੋ ਸਕਦਾ ਹੈ ਅਤੇ ਜੇ ਪੰਜਾਬ ਕਿਸੇ ਹੋਰ ਤਰੀਕੇ ਨਾਲ ਢੋਆ-ਢੁਆਈ ਕਰਨਾ ਚਾਹੁੰਦਾ ਹੈ ਤਾਂ ਉਸ ਨੂੰ ਅਜਿਹਾ ਕਰਨ ਦੀ ਇਜਾਜ਼ਤ ਹੋਵੇਗੀ।

ਇਕ ਹੋਰ ਮਸਲਾ ਚੁੱਕਦਿਆਂ ਮੁੱਖ ਮੰਤਰੀ ਨੇ ਕੇਂਦਰੀ ਮੰਤਰੀ ਆਰ.ਕੇ. ਸਿੰਘ ਨੂੰ ਅਪੀਲ ਕੀਤੀ ਕਿ ਪਛਵਾੜਾ ਖਾਣ ਤੋਂ ਕੋਲਾ, ਕੇਸ-2 ਇੰਡੀਪੈਂਡੈਂਟ ਪਾਵਰ ਪ੍ਰੋਡਿਊਸਰਜ਼ (ਆਈ.ਪੀ.ਪੀਜ਼) ਨੂੰ ਤਬਦੀਲ ਕਰਨ ਦੀ ਪ੍ਰਵਾਨਗੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਸੂਬੇ ਨੂੰ ਅਲਾਟ ਪਛਵਾੜਾ (ਸੈਂਟਰਲ) ਹੋਈ ਕੋਲਾ ਖਾਣ ਦਾ ਕੋਲਾ ਕੇਸ 2 ਇੰਡੀਪੈਂਡੈਂਟ ਪਾਵਰ ਪ੍ਰੋਡਿਊਸਰਾਂ (ਆਈ.ਪੀ.ਪੀਜ਼) ਨੂੰ ਤਬਦੀਲ ਕਰਨ ਦਾ ਮਾਮਲਾ ਇਸ ਸਮੇਂ ਕੋਲਾ ਮੰਤਰੀ ਕੋਲ ਲੰਬਿਤ ਹੈ। ਭਗਵੰਤ ਮਾਨ ਨੇ ਕਿਹਾ ਕਿ ਬਿਜਲੀ ਮੰਤਰਾਲੇ ਨੇ ਪਹਿਲਾਂ ਹੀ ਇਹ ਕੇਸ ਆਪਣੀ ਸਾਕਾਰ-ਾਤਮਕ ਟਿੱਪਣੀ ਨਾਲ ਕੋਲਾ ਮੰਤਰਾਲੇ ਨੂੰ ਭੇਜ ਦਿੱਤਾ ਅਤੇ ਕੋਲਾ ਮੰਤਰਾਲੇ ਨੇ ਕਾਨੂੰਨੀ ਪੱਖਾਂ ਦੀ ਘੋਖ ਲਈ ਇਹ ਕੇਸ ਕਾਨੂੰਨ ਮੰਤਰਾਲੇ ਨੂੰ ਭੇਜਿਆ ਹੈ। ਉਨ੍ਹਾਂ ਇਸ ਮਾਮਲੇ ਦੇ ਛੇਤੀ ਨਿਬੇੜੇ ਲਈ ਕੇਂਦਰੀ ਬਿਜਲੀ ਮੰਤਰੀ ਦੀ ਦਖ਼ਲ ਦੀ ਮੰਗ ਕੀਤੀ।

ਮੁੱਖ ਮੰਤਰੀ ਨੇ ਆਰ.ਕੇ. ਸਿੰਘ ਨੂੰ ਅਪੀਲ ਕੀਤੀ ਕਿ ਉਹ ਸੋਲਰ ਐਨਰਜੀ ਕਾਰਪੋਰੇਸ਼ਨ ਆਫ਼ ਇੰਡੀਆ (ਐਸ.ਈ.ਸੀ.ਆਈ.) ਨੂੰ ਸੂਬੇ ਲਈ ਤਿੰਨ ਹਜ਼ਾਰ ਮੈਗਾਵਾਟ ਬਿਜਲੀ ਨਿਰੰਤਰ ਤੌਰ ਉਤੇ ਨਵਿਆਉਣਯੋਗ ਊਰਜਾ ਮਾਧਿਅਮ (ਆਰ.ਈ.-ਆਰ.ਟੀ.ਸੀ.) ਤੋਂ ਖਰੀਦਣ ਲਈ ਕਿਹਾ ਜਾਵੇ। ਉਨ੍ਹਾਂ ਕਿਹਾ ਕਿ ਪੀ.ਐਸ.ਪੀ.ਸੀ.ਐਲ. ਨੇ ਅਗਸਤ 2022 ਵਿੱਚ ਐਸ.ਈ.ਸੀ.ਆਈ. ਨੂੰ ਤਿੰਨ ਹਜ਼ਾਰ ਮੈਗਾਵਾਟ ਆਰ.ਈ.-ਆਰ.ਟੀ.ਸੀ. ਬਿਜਲੀ ਲੈਣ ਦੀ ਸਿਧਾਂਤਕ ਪ੍ਰਵਾਨਗੀ ਬਾਰੇ ਦੱਸ ਦਿੱਤਾ ਸੀ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਤੇ ਮੱਧ ਪ੍ਰਦੇਸ਼ ਦੀ ਬਿਜਲੀ ਮੰਗ ਵਿੱਚ ਇਕ-ਦੂਜੇ ਦੇ ਪੂਰਕ ਹਨ ਅਤੇ ਐਸ.ਈ.ਸੀ.ਆਈ. ਇਸ ਸਾਂਝੀ ਤਜਵੀਜ਼ ਉਤੇ ਕੰਮ ਕਰ ਰਹੀ ਹੈ। ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਬੋਲੀ ਲਈ ਕਿਸੇ ਇਕਰੂਪ ਦਸਤਾਵੇਜ਼ ਨੂੰ ਅੰਤਮ ਰੂਪ ਨਾ ਮਿਲਣ ਕਾਰਨ ਐਸ.ਈ.ਸੀ.ਆਈ. ਇਸ ਸਬੰਧੀ ਅੱਗੇ ਕੋਈ ਕਾਰਵਾਈ ਕਰਨ ਦੇ ਯੋਗ ਨਹੀਂ ਹੈ। ਭਗਵੰਤ ਮਾਨ ਨੇ ਕਿਹਾ ਕਿ ਇਸ ਕਾਰਨ ਇਹ ਮਸਲਾ ਲਟਕ ਰਿਹਾ ਹੈ। ਉਨ੍ਹਾਂ ਕੇਂਦਰੀ ਮੰਤਰੀ ਨੂੰ ਦਖ਼ਲ ਦੇਣ ਦੀ ਬੇਨਤੀ ਕੀਤੀ ਤਾਂ ਕਿ ਮੰਤਰਾਲਾ ਇਸ ਮੁੱਦੇ ਨੂੰ ਛੇਤੀ ਅੰਤਮ ਰੂਪ ਦੇ ਸਕੇ ਅਤੇ ਐਸ.ਈ.ਸੀ.ਆਈ. ਸੂਬੇ ਲਈ ਆਰ.ਈ.-ਆਰ.ਟੀ.ਸੀ. ਬਿਜਲੀ ਦੀ ਖ਼ਰੀਦ ਲਈ ਕਦਮ ਚੁੱਕ ਸਕੇਗਾ।

ਕੋਲਾ ਆਧਾਰਤ ਸੈਂਟਰਲ ਸੈਕਟਰ ਜੈਨਰੇਟਿੰਗ ਸਟੇਸ਼ਨਜ਼ (ਸੀ.ਜੀ.ਐਸ.) ਤੋਂ ਬਿਜਲੀ ਪੀ.ਐਸ.ਪੀ.ਸੀ.ਐਲ. ਨੂੰ ਦੇਣ ਦੀ ਮੰਗ ਚੁੱਕਦਿਆਂ ਮੁੱਖ ਮੰਤਰੀ ਨੇ ਆਰ.ਕੇ. ਸਿੰਘ ਨੂੰ ਦੱਸਿਆ ਕਿ ਪੰਜਾਬ ਵਿੱਚ ਸਰਦੀਆਂ ਵਿੱਚ ਬਾਰਸ਼ ਨਾ ਹੋਣ ਕਾਰਨ ਜਨਵਰੀ ਤੋਂ ਬਿਜਲੀ ਦੀ ਮੰਗ ਤੇਜ਼ੀ ਨਾਲ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਵਿੱਤੀ ਵਰ੍ਹੇ ਸਾਲ 2023-24 ਵਿੱਚ ਵਾਢੀ ਸੀਜ਼ਨ ਦੌਰਾਨ ਵੀ ਬਿਜਲੀ ਦੀ ਮੰਗ ਵਿੱਚ ਤੇਜ਼ੀ ਦਾ ਰੁਝਾਨ ਜਾਰੀ ਰਹਿਣ ਦੀ ਸੰਭਾਵਨਾ ਹੈ। ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਨੇ ਪਿਛਲੇ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਦੀ ਸਭ ਤੋਂ ਵੱਧ ਮੰਗ 14,300 ਮੈਗਾਵਾਟ ਪੂਰੀ ਕੀਤੀ ਸੀ ਅਤੇ ਬਿਜਲੀ ਮੰਤਰਾਲੇ ਨੇ ਕੇਂਦਰੀ ਖੇਤਰ ਦੇ ਜੈਨਰੇਸ਼ਨ ਸਟੇਸ਼ਨਾਂ ਤੋਂ ਜੂਨ ਤੋਂ ਸਤੰਬਰ 2022 ਦੌਰਾਨ ਪੰਜਾਬ ਲਈ ਪਹਿਲਾਂ ਤੋਂ ਨਿਰਧਾਰਤ ਨਾ ਹੋਣ ਦੇ ਬਾਵਜੂਦ ਵਾਧੂ ਬਿਜਲੀ ਦੇਣ ਦੀ ਪ੍ਰਵਾਨਗੀ ਦਿੱਤੀ ਸੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਫ਼ਰਜ਼ ਬਣਦਾ ਹੈ ਕਿ ਆਗਾਮੀ ਗਰਮੀ ਅਤੇ ਝੋਨੇ ਦੇ ਸੀਜ਼ਨ ਦੌਰਾਨ ਬਿਜਲੀ ਦੀ ਕੋਈ ਕਮੀ ਨਾ ਆਵੇ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਸਾਲ ਸੂਬੇ ਵਿੱਚ ਬਿਜਲੀ ਦੀ ਮੰਗ 15,500 ਮੈਗਾਵਾਟ ਤੱਕ ਪੁੱਜਣ ਦੀ ਸੰਭਾਵਨਾ ਹੈ। ਇਸ ਲਈ 15000 ਮੈਗਾਵਾਟ ਤੋਂ ਵੱਧ ਮੰਗ ਦੀ ਪੂਰਤੀ ਲਈ ਝੋਨੇ ਵਾਸਤੇ ਵਾਧੂ ਬਿਜਲੀ ਦੀ ਲੋੜ ਪਵੇਗੀ, ਜਿਸ ਵਾਸਤੇ ਸੂਬੇ ਨੂੰ ਕੇਂਦਰੀ ਬਿਜਲੀ ਮੰਤਰਾਲੇ ਦੇ ਸਹਿਯੋਗ ਦੀ ਲੋੜ ਹੈ ਤਾਂ ਜੋ ਪਹਿਲਾਂ ਤੋਂ ਨਿਰਧਾਰਤ ਨਾ ਹੋਣ ਦੇ ਬਾਵਜੂਦ ਵਾਧੂ ਬਿਜਲੀ ਮਿਲੇ। ਭਗਵੰਤ ਮਾਨ ਨੇ ਇਸ ਸਬੰਧੀ ਕੇਂਦਰੀ ਬਿਜਲੀ ਮੰਤਰੀ ਦੇ ਦਖ਼ਲ ਦੀ ਮੰਗ ਕੀਤੀ ਕਿਉਂਕਿ ਪੀ.ਸੀ.ਪੀ.ਐਲ. ਦੇ ਸੀ.ਐਮ.ਡੀ ਪਹਿਲਾਂ ਹੀ ਬਿਜਲੀ ਮੰਤਰਾਲੇ ਦੇ ਸਕੱਤਰ ਨੂੰ ਪੰਜਾਬ ਲਈ ਕੇਂਦਰੀ ਖੇਤਰ ਦੇ ਪਲਾਂਟਾਂ ਤੋਂ ਵਾਧੂ ਬਿਜਲੀ ਦੇਣ ਦੀ ਮੰਗ ਕਰ ਚੁੱਕੇ ਹਨ।


# ਮਾਨ ਸਰਕਾਰ ਨੇ ਪਿਛਲੇ 11 ਮਹੀਨਿਆਂ ਦੌਰਾਨ 57829 ਉਸਾਰੀ ਕਿਰਤੀਆਂ ਨੂੰ 77.65 ਕਰੋੜ ਰੁਪਏ ਜਾਰੀ ਕੀਤੇ : ਅਨਮੋਲ ਗਗਨ ਮਾਨ

ਚੰਡੀਗੜ੍ਹ, 27 ਫਰਵਰੀ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਇਸ ਦਿਸ਼ਾ ਵਿੱਚ ਕੰਮ ਕਰਦੇ ਹੋਏ ਕਿਰਤ, ਸਿਕਾਇਤ ਨਿਵਾਰਣ, ਨਿਵੇਸ਼ ਪ੍ਰੋਤਸਾਹਨ, ਸੈਰ ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਅਤੇ ਪ੍ਰਾਹੁਣਚਾਰੀ ਮੰਤਰੀ ਅਨਮੋਲ ਗਗਨ ਮਾਨ ਨੇ ਦੱਸਿਆ ਕਿ ਸੂਬਾ ਸਰਕਾਰ ਵਲੋਂ ਪਿਛਲੇ 11 ਮਹੀਨਿਆਂ ਦੌਰਾਨ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਵਰਕਰਜ਼ ਵੈਲਫੇਅਰ ਬੋਰਡ ਰਾਹੀਂ ਵੱਖ-ਵੱਖ ਕਿਰਤ ਭਲਾਈ ਸਕੀਮਾਂ ਤਹਿਤ ਰਜਿਸਟਰਡ 57,829 ਉਸਾਰੀ ਕਿਰਤੀਆਂ ਨੂੰ ਵੱਖ ਵੱਖ ਉਸਾਰੀ ਕਿਰਤੀ ਭਲਾਈ ਸਕੀਮਾਂ ਅਧੀਨ 77.65 ਕਰੋੜ ਰੁਪਏ ਜਾਰੀ ਕੀਤੇ ਗਏ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆ ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਪਹਿਲਾਂ ਹੀ ਗੈਰ-ਹੁਨਰ-ਮੰਦ ਕਾਮਿਆਂ ਦੀ ਘੱਟੋ-ਘੱਟ ਉਜਰਤਾਂ 9192 ਰੁਪਏ ਤੋਂ ਵਧਾ ਕੇ 9907 ਰੁਪਏ ਕੀਤੀਆਂ ਗਈਆਂ ਹਨ, ਜਦਕਿ ਅਰਧ ਹੁਨਰਮੰਦਾਂ ਦੀ ਘੱਟੋ-ਘੱਟ ਉਜਰਤਾਂ 9972 ਰੁਪਏ ਤੋਂ ਵਧਾ ਕੇ 10687 ਰੁਪਏ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਹੁਨਰਮੰਦ ਕਾਮਿਆਂ ਦੀ ਉਜਰਤਾਂ 10869 ਰੁਪਏ ਤੋਂ ਵਧਾ ਕੇ 11584 ਰੁਪਏ ਅਤੇ ਉੱਚ ਹੁਨਰਮੰਦ ਕਾਮਿਆਂ ਦੀ ਉਜਰਤਾਂ 11901 ਰੁਪਏ ਤੋਂ ਵਧਾ ਕੇ 12616 ਰੁਪਏ ਕੀਤੀਆਂ ਜਾ ਚੁੱਕੀਆਂ ਹਨ। ਮੰਤਰੀ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਉਸਾਰੀ ਕਿਰਤੀਆਂ ਦੀ ਸੁਵਿਧਾ ਲਈ ਮੋਬਾਇਲ ਐਪ ''ਪੰਜਾਬ ਕਿਰਤੀ ਸਹਾਇਕ'' ਲਾਂਚ ਕੀਤੀ ਹੋਈ ਹੈ। ਉਨ੍ਹਾ ਕਿਹਾ ਕਿ ਇਸ ਮੋਬਾਇਲ ਐਪ ਨਾਲ ਉਸਾਰੀ ਕਿਰਤੀ ਆਪਣੇ ਮੋਬਾਇਲ ਤੋਂ ਖੁੱਦ ਹੀ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਲੈਣ ਲਈ ਰਜਿਸਟ੍ਰਸ਼ਨ ਕਰ ਸਕਦਾ ਹੈ, ਜਿਸ ਨਾਲ ਉਸ ਨੂੰ ਆਪਣੀ ਦਿਹਾੜੀ ਦਾ ਨੁਕਸਾਨ ਕਰਕੇ ਸੁਵਿਧਾ ਕੇਂਦਰਾ ਵਿੱਚ ਜਾ ਕੇ ਰਜਿਸਟਰ ਕਰਵਾਉਣ ਦੀ ਲੋੜ ਨਹੀਂ ਪਵੇਗੀ। ਮੰਤਰੀ ਨੇ ਉਸਾਰੀ ਕਿਰਤੀਆਂ ਨੂੰ ਅਪੀਲ ਕੀਤੀ ਕਿ ਉਹ ''ਪੰਜਾਬ ਕਿਰਤੀ ਸਹਾਇਕ'' ਰਾਹੀਂ ਖੁਦ ਨੂੰ ਰਜਿਸਟਰ ਕਰਨ ਅਤੇ ਸੂਬਾ ਸਰਕਾਰ ਦੀਆਂ ਉਸਾਰੀ ਕਿਰਤੀ



# ਮਨੀਸ਼ ਸਿਸੋਦੀਆ ਦੀ ਗ੍ਰਿਫ਼ਤਾਰੀ ਮਾਮਲੇ ’ਚ ਸੀਬੀਆਈ ਦੀ ਰਿਮਾਂਡ ਆਰਡਰ ਕਾਪੀ ’ਚ ਹੋਏ ਅਹਿਮ ਖੁਲਾਸੇ

ਨਵੀਂ ਦਿੱਲੀ, 27 ਫਰਵਰੀ (ਪੋਸਟ ਬਿਊਰੋ): ਦਿੱਲੀ ਦੀ ਸ਼ਰਾਬ ਨੀਤੀ 'ਚ ਕਥਿਤ ਘਪਲੇ ਨੂੰ ਲੈ ਕੇ ਦਿੱਲੀ ਦੇ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਤੋਂ ਸੀਬੀਆਈ ਨੇ ਐਤਵਾਰ ਨੂੰ ਪੂਰਾ ਦਿਨ ਪੁੱਛਗਿੱਛ ਕੀਤੀ ਅਤੇ ਫਿਰ ਗ੍ਰਿਫਤਾਰ ਕਰ ਲਿਆ। ਸੋਮਵਾਰ ਨੂੰ ਉਨ੍ਹਾਂ ਨੂੰ ਸੀਬੀਆਈ ਅਦਾਲਤ ਵਿੱਚ ਪੇਸ਼ ਕੀਤਾ ਗਿਆ ਜਿੱਥੋਂ ਉਨ੍ਹਾਂ ਨੂੰ ਸੀਬੀਆਈ ਰਿਮਾਂਡ ’ਤੇ ਭੇਜ ਦਿੱਤਾ ਗਿਆ। ਰਿਮਾਂਡ ਆਰਡਰ ਦੀ ਕਾਪੀ ਦੇ ਅਨੁਸਾਰ, "ਕਥਿਤ ਆਬਕਾਰੀ ਘੁਟਾਲੇ ਵਿੱਚ 15 ਮੁਲਜ਼ਮਾਂ ਵਿਰੁੱਧ ਐਫਆਈਆਰ ਦਰਜ ਕੀਤੀ ਗਈ ਸੀ, ਜਿਸ ਵਿੱਚ ਦਿੱਲੀ ਦੇ ਮੁੱਖ ਮੰਤਰੀ ਅਤੇ ਆਬਕਾਰੀ ਮੰਤਰੀ ਮਨੀਸ਼ ਸਿਸੋਦੀਆ ਦਾ ਨਾਮ ਵੀ ਸੀ। ਇਸ ਨੀਤੀ ਨੂੰ ਤਿਆਰ ਕਰਨ ਅਤੇ ਲਾਗੂ ਕਰਨ ਪਿੱਛੇ ਮਕਸਦ ਸ਼ਰਾਬ ਕਾਰੋਬਾਰੀਆਂ ਅਤੇ ਲਾਇਸੈਂਸਧਾਰਕਾਂ ਨੂੰ ਗਲਤ ਫਾਇਦਾ ਪਹੁੰਚਾਉਣਾ ਸੀ।



ਰਿਮਾਂਡ ਆਰਡਰ ਦੀ ਕਾਪੀ ਵਿੱਚ ਕਿਹਾ ਗਿਆ ਹੈ ਕਿ ਸੀਬੀਆਈ ਨੇ ਇਸ ਮਾਮਲੇ ਵਿੱਚ ਸੱਤ ਲੋਕਾਂ ਖ਼ਿਲਾਫ਼ ਚਾਰਜਸ਼ੀਟ ਦਾਇਰ ਕੀਤੀ ਸੀ, ਜਿਨ੍ਹਾਂ ਵਿੱਚੋਂ ਦੋ ਮੁਲਜ਼ਮ ਅਭਿਸ਼ੇਕ ਬੋਇਨਪਿਲਈ ਅਤੇ ਵਿਜੇ ਨਾਇਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਬਾਕੀਆਂ ਖਿਲਾਫ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

ਕਾਪੀ ਵਿੱਚ ਕਿਹਾ ਗਿਆ ਹੈ ਕਿ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮਨੀਸ਼ ਸਿਸੋਦੀਆ ਨੇ ਦਿੱਲੀ ਦੇ ਉਪ ਮੁੱਖ ਮੰਤਰੀ ਅਤੇ ਆਬਕਾਰੀ ਮੰਤਰੀ ਹੋਣ ਦੇ ਬਾਵਜੂਦ ਇਸ ਕਥਿਤ ਆਬਕਾਰੀ ਘੁਟਾਲੇ ਵਿੱਚ ਸਰਗਰਮ ਭੂਮਿਕਾ ਨਿਭਾਈ। ਮਨੀਸ਼ ਸਿਸੋਦੀਆ ਨੇ ਸਮੂਹ ਮੈਂਬਰਾਂ ਦੇ ਮੈਂਬਰ ਹੋਣ ਦੇ ਨਾਲ-ਨਾਲ ਆਬਕਾਰੀ ਮੰਤਰੀ ਹੋਣ ਦੇ ਬਾਵਜੂਦ ਆਮ ਜਨਤਾ ਦੇ ਹਿੱਤਾਂ ਨੂੰ ਮੁੱਖ ਰੱਖਦਿਆਂ ਇਸ ਨੀਤੀ 'ਤੇ ਮਾਹਿਰ ਕਮੇਟੀ ਦੀ ਰਿਪੋਰਟ 'ਚ ਕੁਝ ਬਦਲਾਅ ਕੀਤੇ, ਯਾਨੀ ਇਸ ਨਾਲ ਹੇਰਾਫੇਰੀ ਕੀਤੀ ਗਈ। ਜਿਸਦਾ ਸਿੱਧਾ ਮਕਸਦ ਸ਼ਰਾਬ ਦੇ ਵਪਾਰੀਆਂ ਨੂੰ ਫਾਇਦਾ ਪਹੁੰਚਾਉਣਾ ਸੀ। ਇਹ ਸਭ ਇਸ ਲਈ ਕੀਤਾ ਗਿਆ ਕਿਉਂਕਿ ਵਿਜੇ ਨਾਇਰ ਦੇ ਜ਼ਰੀਏ ਦੱਖਣ ਦੇ ਗਰੁੱਪ ਤੋਂ 100 ਕਰੋੜ ਰੁਪਏ ਦੀ ਐਡਵਾਂਸ ਰਿਸ਼ਵਤ ਲਈ ਗਈ ਸੀ ਤਾਂ ਜੋ ਨੀਤੀ ਲਾਗੂ ਹੋਣ 'ਤੇ ਉਨ੍ਹਾਂ ਨੂੰ ਫਾਇਦਾ ਪਹੁੰਚਾਇਆ ਜਾ ਸਕੇ।

ਰਿਮਾਂਡ ਆਰਡਰ ਦੀ ਕਾਪੀ ਵਿਚ ਕਿਹਾ ਗਿਆ ਹੈ ਕਿ ਜਾਂਚ ਵਿਚ ਸਾਹਮਣੇ ਆਇਆ ਹੈ ਕਿ ਰਿਸ਼ਵਤ ਦੀ ਇਹ ਰਕਮ ਹਵਾਲਾ ਰਾਹੀਂ ਹਾਸਲ ਕੀਤੀ ਗਈ ਸੀ, ਜਿਸ ਦੇ ਪੁਖਤਾ ਸਬੂਤ ਏਜੰਸੀ ਕੋਲ ਮੌਜੂਦ ਹਨ। ਇਨ੍ਹਾਂ ਸਾਰੇ ਨੁਕਤਿਆਂ 'ਤੇ ਇਕੱਠੇ ਕੀਤੇ ਸਬੂਤਾਂ ਦੇ ਆਧਾਰ 'ਤੇ ਜਦੋਂ ਮਨੀਸ਼ ਸਿਸੋਦੀਆ ਤੋਂ ਸਵਾਲ ਪੁੱਛੇ ਗਏ ਤਾਂ ਉਨ੍ਹਾਂ ਨੇ ਤਸੱਲੀਬਖਸ਼ ਜਵਾਬ ਨਹੀਂ ਦਿੱਤਾ ਪਰ ਅਹਿਮ ਜਾਣਕਾਰੀਆਂ ਨੂੰ ਛੁਪਾਉਣ ਦੀ ਕੋਸ਼ਿਸ਼ ਕੀਤੀ। ਇਸ ਤੋਂ ਬਾਅਦ ਸਿਸੋਦੀਆ ਨੂੰ ਹਿਰਾਸਤ 'ਚ ਲੈ ਕੇ ਪੁੱਛਗਿੱਛ ਕਰਨੀ ਜ਼ਰੂਰੀ ਸੀ ਅਤੇ ਇਸੇ ਲਈ ਉਸ ਨੂੰ ਗ੍ਰਿਫਤਾਰ ਕੀਤਾ ਗਿਆ।

# ਅਸਪੱਸ਼ਟ ਫਤਵਾ ਮਿਲਣ ’ਤੇ ਸੂਬੇ ਦੇ ਹਿੱਤਾਂ ਨੂੰ ਸਾਹਮਣੇ ਰੱਖ ਕੇ ਗਠਜੋੜ ਬਣਾਵਾਂਗੇ : ਕੋਨਰਾਡ ਸੰਗਮਾ

